# ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

## ਖੁਲ੍ਹੇ ਤੌਰ ’ਤੇ ਪੈਟਰੋਲੀਅਮ ਪਦਾਰਥਾਂ ਦੀ ਵਿਕਰੀ ਕਰਨ ’ਤੇ ਪਾਬੰਦੀ

20 ਸਤੰਬਰ 2017 ਤੱਕ ਲਾਗੂ ਰਹਿਣਗੇ ਹੁਕਮ

ਫਾਜ਼ਿਲਕਾ 23 ਅਗਸਤ

ਡੇਰਾ ਸੱਚਾ ਸੋਦਾ ਮੁਖੀ ਸੰਤ ਰਾਮ ਰਹੀਮ ’ਤੇ ਚੱਲ ਰਹੇ ਮੁਕੱਦਮੇ ਦੇ ਸਬੰਧ ਵਿੱਚ 25 ਅਗਸਤ 2017 ਨੂੰ ਹੋਣ ਵਾਲੇ ਫੈਸਲੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਜ਼ਿਲ੍ਹੇ ਅੰਦਰ ਖੁਲ੍ਹੇ ਤੌਰ ’ਤੇ ਪੈਟਰੋਲੀਅਮ ਪਦਾਰਥਾਂ ਦੀ ਵਿਕਰੀ ਕਰਨ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਜ਼ਿਲ੍ਹੇ ਅੰਦਰ ਮਿਤੀ 20 ਸਤੰਬਰ 2017 ਤੱਕ ਲਾਗੂ ਰਹਿਣਗੇ।

ਡਿਪਟੀ ਕਮਿਸ਼ਨਰ ਨੇ ਜਾਰੀ ਹੁਕਮਾਂ ’ਚ ਕਿਹਾ ਕਿ ਇਸ ਤਹਿਤ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ ਜਿਸ ਨੂੰ ਮੱਦੇਨਜ਼ਰ ਰੱਖਦਿਆਂ ਜ਼ਿਲ੍ਹੇ ਅੰਦਰ ਸਮੂਹ ਪੈਟਰੋਲੀਅਮ ਪਦਾਰਥ ਵੇਚਣ ਵਾਲੇ ਡੀਲਰਾਂ ਨੂੰ ਸਖਤ ਹਦਾਇਤ ਕੀਤੀ ਹੈ ਕਿ ਕਿਸੇ ਵੀ ਵਿਅਕਤੀ ਨੂੰ ਖੁੱਲ੍ਹੇ ਤੌਰ ’ਤੇ ਪੈਟਰੋਲੀਅਮ ਪਦਾਰਥਾਂ ਦੀ ਵਿਕਰੀ ਨਾ ਕੀਤੀ ਜਾਵੇ। ਸਿਰਫ ਵਹੀਕਲ ਆਦਿ ਵਿੱਚ ਹੀ ਪੈਟਰੋਲੀਅਮ ਪਦਾਰਥਾਂ ਦੀ ਵਿਕਰੀ ਕੀਤੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਜਾਰੀ ਹੁਕਮਾਂ ਵਿੱਚ ਹਰ ਪੈਟਰੋਲੀਅਮ ਪਦਾਰਥ ਡੀਲਰਾਂ ਨੂੰ ਪੈਟਰੋਲ ਪੰਪਾਂ ’ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦੇ ਵੀ ਆਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਇਸ ਹੁਕਮ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਹੁਕਮਾਂ ਦੀ ਪਾਲਣਾ ਨਾ ਕਰਨ ਵਾਲੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।